ਪੁਰਾਤਨ ਹੱਥ ਲਿਖਤ ਬੀੜਾਂ ਅਨੁਸਾਰ ਸ਼ੁਧ ਪਾਠ

# ਅਰਦਾਸ

## – ਸੰਥਿਆ ਪੋਥੀ –

ਰੰਗੀਨ ਵਿਸ਼ਰਾਮਾਂ ਸਹਿਤ

(ਅਰਧ ਵਿਸ਼ਰਾਮ / ਜਮਕੀ)

ਪ੍ਰਕਾਸ਼ਕ:

ਤੱਤ ਖ਼ਾਲਸਾ ਜੱਥਾ

# ਅਰਦਾਸ

ਤੂ ਠਾਕੁਰੁ ਤੁਮ ਪਹਿ ਅਰਦਾਸਿ ॥ ਜੀਉ ਪਿੰਡੁ ਸਭੁ ਤੇਰੀ ਰਾਸਿ ॥ ਤੁਮ ਮਾਤ ਪਿਤਾ ਹਮ ਬਾਰਿਕ ਤੇਰੇ ॥ ਤੁਮਰੀ ਕ੍ਰਿਪਾ ਮਹਿ ਸੂਖ ਘਨੇਰੇ ॥ ਕੋਇ ਨ ਜਾਨੈ ਤੁਮਰਾ ਅੰਤੁ ॥ ਊਚੇ ਤੇ ਊਚਾ ਭਗਵੰਤ ॥ ਸਗਲ ਸਮਗ੍ਰੀ ਤੁਮਰੈ ਸੂਤ੍ਰਿ ਧਾਰੀ ॥ ਤੁਮ ਤੇ ਹੋਇ ਸੁ ਆਗਿਆਕਾਰੀ ॥ ਤੁਮਰੀ ਗਤਿ ਮਿਤਿ ਤੁਮ ਹੀ ਜਾਨੀ ॥ ਨਾਨਕ ਦਾਸ ਸਦਾ ਕੁਰਬਾਨੀ ॥੮॥੪॥

(੨੬੮)

ੴ ਵਾਹਿਗੁਰੂ ਜੀ ਕੀ ਫਤਹ ॥

ਸ੍ਰੀ ਭਗਉਤੀ ਜੀ ਸਹਾਇ ॥

ਵਾਰ ਸ੍ਰੀ ਭਗਉਤੀ ਜੀ ਕੀ ॥ ਪਾਤਿਸਾਹੀ ੧੦* ॥

ਪ੍ਰਿਥਮ ਭਗਉਤੀ ਸਿਮਰਿ ਕੈ ਗੁਰ ਨਾਨਕ ਲਈਂ* ਧਿਆਇ ॥ ਫਿਰ ਅੰਗਦ ਗੁਰ ਤੇ ਅਮਰਦਾਸੁ ਰਾਮਦਾਸੈ ਹੋਈਂ* ਸਹਾਇ ॥ ਅਰਜਨ ਹਰਿਗੋਬਿੰਦ ਨੂ ਸਿਮਰੌਂ ਸ੍ਰੀ ਹਰਿਰਾਇ ॥ ਸ੍ਰੀ ਹਰਿਕ੍ਰਿਸਨ ਧਿਆਈਐ ਜਿਸੁ ਡਿਠੇ ਸਭਿ ਦੁਖਿ ਜਾਇ ॥ ਤੇਗ ਬਹਾਦਰ ਸਿਮਰੀਐ ਘਰਿ ਨਉ ਨਿਧਿ ਆਵੈ ਧਾਇ ॥ ਸਭ ਥਾਈਂ ਹੋਇ ਸਹਾਇ ॥੧॥

(ਦਸਮ ੧੧੯)

ਦਸਵੇਂ ਪਾਤਿਸ਼ਾਹ, ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ,

---

* ਨੋਟ:- (੧) '੧੦' ਦਾ ਉਚਾਰਨ ਇਥੇ 'ਦਸਵੀਂ' ਕਰਨਾ ਹੈ। (੨) 'ਲਈਂ' ਦਾ ਉਚਾਰਨ ਵੇਲੇ ਬਿੰਦੀ ਬੋਲਣੀ ਹੈ। (੩) 'ਹੋਈਂ' ਲਿਖਿਆ ਹੈ, ਨਾਕਿ 'ਹੋਏ' ਜਾ 'ਹੋਣਾ ਜੀ'। ਉਚਾਰਨ ਵੇਲੇ ਧਿਆਨ ਦੇਣਾ ਕਿ 'ਈੜੀ' ਤੇ ਬਿਹਾਰੀ ਅਤੇ ਬਿੰਦੀ ਲੱਗੀ ਹੈ।

ਸਭ ਥਾਈਂ ਹੋਇ ਸਹਾਇ । ਦਸਾਂ ਪਾਤਿਸ਼ਾਹੀਆਂ ਜੀ ਦੀ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਠ ਦੀਦਾਰ ਦਾ ਧਿਆਨ ਧਰ ਕੇ, ਬੋਲੋ ਜੀ ਵਾਹਿਗੁਰੂ!

ਪੰਜਾ ਪਿਆਰਿਆਂ, ਚੌਹਾਂ ਸਾਹਿਬਜ਼ਾਦਿਆਂ, ਚਾਲ੍ਹੀਆਂ ਮੁਕਤਿਆਂ, ਹਠੀਆਂ–ਜਪੀਆਂ–ਤਪੀਆਂ, ਜਿਨ੍ਹਾਂ ਨਾਮ ਜੱਪਿਆ–ਵੰਡ ਛਕਿਆ, ਦੇਗ ਚਲਾਈ–ਤੇਗ ਵਾਹੀ, ਦੇਖ ਕੇ ਅਣਡਿੱਠ ਕੀਤਾ, ਤਿਨ੍ਹਾਂ ਪਿਆਰਿਆਂ, ਸਚਿਆਰਿਆਂ ਦੀ ਕਮਾਈ ਦਾ ਧਿਆਨ ਧਰ ਕੇ, ਖ਼ਾਲਸਾ ਜੀ, ਬੋਲੋ ਜੀ ਵਾਹਿਗੁਰੂ!

ਜਿਨ੍ਹਾਂ ਸਿੰਘਾ ਸਿੰਘਣੀਆ ਨੇ ਧਰਮ ਹੇਤ ਸੀਸ ਦਿੱਤੇ, ਬੰਦ ਬੰਦ ਕਟਵਾਏ, ਖੋਪਰੀਆਂ ਲੁਹਾਈਆਂ, ਚਰਖੜੀਆਂ ਤੇ ਚੜ੍ਹੇ, ਆਰਿਆਂ ਨਾਲ ਚਿਰਾਏ ਗਏ, ਗੁਰਦੁਆਰਿਆਂ ਦੀ ਸੇਵਾ ਲਈ ਕੁਰਬਾਨੀਆਂ ਕੀਤੀਆਂ, ਧਰਮ ਨਹੀਂ ਹਾਰਿਆ, ਸਿੱਖੀ ਕੇਸਾਂ ਸੁਆਸਾਂ ਨਾਲ ਨਿਬਾਹੀ, ਤਿਨ੍ਹਾਂ ਪੁਰਾਤਨ ਅਤੇ ਵਰਤਮਾਨ ਸਮੇਂ ਦੇ ਸਰਬੱਤ ਸ਼ਹੀਦਾਂ ਦੀ ਕਮਾਈ ਦਾ ਧਿਆਨ ਧਰ ਕੇ, ਖ਼ਾਲਸਾ ਜੀ, ਬੋਲੋ ਜੀ ਵਾਹਿਗੁਰੂ!

ਪੰਜਾਂ ਤਖ਼ਤਾਂ, ਸਰਬੱਤ ਗੁਰਦੁਆਰਿਆਂ ਦਾ ਧਿਆਨ ਧਰ ਕੇ, ਬੋਲੋ ਜੀ ਵਾਹਿਗੁਰੂ!

ਪ੍ਰਿਥਮੇ ਸਰਬੱਤ ਖਾਲਸਾ ਜੀ ਕੀ ਅਰਦਾਸ ਹੈ ਜੀ, ਸਰਬੱਤ ਖਾਲਸਾ ਜੀ ਕੋ ਵਾਹਿਗੁਰੂ ਵਾਹਿਗੁਰੂ ਵਾਹਿਗੁਰੂ ਚਿਤ ਆਵੇ, ਚਿੱਤ ਆਵਨ ਕਾ ਸਦਕਾ ਸਰਬ ਸੁਖ ਹੋਵੇ। ਜਹਾਂ ਜਹਾਂ ਖਾਲਸਾ ਜੀ ਸਾਹਿਬ ਤਹਾਂ ਤਹਾਂ ਰਛਿਆ ਰਿਆਇਤ, ਦੇਗ ਤੇਗ ਫਤਹ, ਬਿਰਦ ਕੀ ਪੈਜ, ਪੰਥ ਕੀ ਜੀਤ, ਸ੍ਰੀ ਸਾਹਿਬ ਜੀ ਸਹਾਇ, ਖਾਲਸੇ ਜੀ ਕੇ ਬੋਲ ਬਾਲੇ, ਬੋਲੋ ਜੀ ਵਾਹਿਗੁਰੂ!

ਸਿੱਖਾਂ ਨੂੰ ਸਿੱਖੀ ਦਾਨ, ਕੇਸ ਦਾਨ, ਰਹਿਤ ਦਾਨ, ਬਿਬੇਕ ਦਾਨ, ਵਿਸਾਹ ਦਾਨ, ਭਰੋਸਾ ਦਾਨ, ਦਾਨਾਂ ਸਿਰ ਦਾਨ ਨਾਮ ਦਾਨ, ਸ੍ਰੀ ਅੰਮ੍ਰਿਤਸਰ ਜੀ ਦੇ ਦਰਸ਼ਨ ਇਸ਼ਨਾਨ, ਚੌਂਕੀਆਂ ਝੰਡੇ ਬੁੰਗੇ ਜੁਗੋ ਜੁਗ ਅਟੱਲ, ਧਰਮ ਕਾ ਜੈਕਾਰ, ਬੋਲੋ ਜੀ, ਵਾਹਿਗੁਰੂ!

ਸਿੱਖਾਂ ਦਾ ਮਨ ਨੀਵਾਂ, ਮੱਤ ਉੱਚੀ, ਮਤ ਪਤ ਦਾ ਰਾਖਾ ਆਪਿ ਵਾਹਿਗੁਰੂ!

ਹੇ ਅਕਾਲ ਪੁਰਖ! ਆਪਣੇ ਪੰਥ ਦੇ ਸਦਾ ਸਹਾਈ ਦਾਤਾਰ ਜੀਓ! ਸਮੂਹ ਗੁਰਦੁਆਰਿਆਂ ਗੁਰਧਾਮਾਂ ਦੇ ਖੁਲ੍ਹੇ ਦਰਸ਼ਨ ਦੀਦਾਰ ਤੇ ਸੇਵਾ ਸੰਭਾਲ ਦਾ ਦਾਨ ਖ਼ਾਲਸਾ ਜੀ ਨੂੰ ਬਖ਼ਸ਼ੋ।

ਹੇ ਨਿਮਾਣਿਆਂ ਦੇ ਮਾਣ, ਨਿਤਾਣਿਆਂ ਦੇ ਤਾਣ, ਨਿਓਟਿਆਂ ਦੀ ਓਟ, ਸੱਚੇ ਪਿਤਾ, ਵਾਹਿਗੁਰੂ! ਆਪ ਦੇ ਹਜ਼ੂਰ ........................... ਦੀ ਅਰਦਾਸ ਹੈ ਜੀ।

ਅੱਖਰ ਵਾਧਾ ਘਾਟਾ ਭੁੱਲ ਚੁੱਕ ਮਾਫ ਕਰਨੀ, ਸਰਬੱਤ ਦੇ ਕਾਰਜ ਰਾਸ ਕਰਨੇ। ਸੇਈ ਪਿਆਰੇ ਮੇਲ, ਜਿਨ੍ਹਾਂ ਮਿਲਿਆਂ ਤੇਰਾ ਨਾਮ ਚਿੱਤ ਆਵੇ। ਨਾਨਕ ਨਾਮ ਚੜ੍ਹਦੀ ਕਲਾ, ਤੇਰੇ ਭਾਣੇ ਸਰਬੱਤ ਦਾ ਭਲਾ।

ਦੋਹਰਾ ।

ਆਗਿਆ ਭਈ ਅਕਾਲ ਕੀ ਤਬੈ ਚਲਾਯੋ ਪੰਥ ।
ਸਭ ਸਿੱਖਨ ਕੋ ਹੁਕਮ ਹੈ ਗੁਰੂ ਮਾਨਿਓ ਗ੍ਰੰਥ ।੯੦।
ਗੁਰੂ ਗ੍ਰੰਥ ਜੀ ਮਾਨਿਓ ਪ੍ਰਗਟ ਗੁਰਾਂ ਕੀ ਦੇਹ ।

ਜੋ ਪ੍ਰਭ ਕੋ ਮਿਲਬੋ ਚਹੈ ਖੋਜ ਸ਼ਬਦ ਮੇ ਲੇਹ ।੯੧।

(ਪੰਥ ਪ੍ਰਕਾਸ਼ – ਪੰਨਾ ੩੫੩)

ਰਾਜ ਕਰੇਗਾ ਖ਼ਾਲਸਾ ਆਕੀ ਰਹੇ ਨਾ ਕੋਇ ।
ਖੁਆਰ ਹੋਇ ਸਭ ਮਿਲੈਂਗੇ ਬਚੇ ਸ਼ਰਨਿ ਜੋ ਹੋਇ ।੩੬।

(ਤਨਖਾਹਨਾਮਾ ਭਾਈ ਨੰਦ ਲਾਲ ਜੀ – ਪੰਨਾ ੬੦)

ਬੋਲੇ ਸੋ ਨਿਹਾਲ । ਸਤਿ ਸ੍ਰੀ ਅਕਾਲ ।

ਵਾਹਿਗੁਰੂ ਜੀ ਕਾ ਖਾਲਸਾ ॥
ਵਾਹਿਗੁਰੂ ਜੀ ਕੀ ਫ਼ਤਹਿ ॥

# ਅਕਾਲੀ ਫੌਜਾਂ ਜਾ ਜੈਕਾਰਾ

ਗੱਜ ਕੇ ਜੈਕਾਰਾ ਗਜਾਵੇ, ਫਤੇ ਪਾਵੇ, ਨਿਹਾਲ ਹੋ ਜਾਵੇ, ਸਤਿ ਸ੍ਰੀ ਅਕਾਲ । ਗੁਰ ਬਰ ਅਕਾਲ । ਚਿੱਟਿਆਂ ਬਾਜਾਂ ਵਾਲਿਓ ਸਤਿਗੁਰੋਂ, ਰੱਖਿਓ ਬਿਰਦ ਬਾਣੇ ਦੀ ਲਾਜ, ਚਿੱਤੋ ਗੁਪਤੋ ਸ਼ਹੀਦ ਸਿੰਘੋ, ਸਰਬੱਤ ਗੁਰੂ-ਖਾਲਸੇ ਸਿੰਘ ਸਾਹਿਬ ਜੀ ਕੋ, ਸਤਿ ਸ੍ਰੀ ਅਕਾਲ । ਲਾਡਲੀਆਂ ਫੌਜਾਂ ਦੇ ਸਤਿਗੁਰੋ ਫ਼ੌਜਾਂ ਰੱਖਣੀਆਂ ਤਿਆਰ ਬਰ ਤਿਆਰ । ਸੋਢੀ ਸੱਚੇ ਪਾਤਿਸ਼ਾਹ ਜੀਓ, ਤੇਰਾ ਖਾਲਸਾ ਜਪੇ ਅਕਾਲ ਅਕਾਲ ਅਕਾਲ ।